**ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ ਫਾਜ਼ਿਲਕਾ**

**ਸੈਨਿਕ ਸਕੂਲਾਂ ਵਿਚ ਦਾਖਲੇ ਲਈ ਇਮਤਿਹਾਨ 10 ਜਨਵਰੀ ਨੂੰ**

***ਛੇਵੀਂ ਲਈ ਲੜਕੇ-ਲੜਕੀਆਂ ਅਤੇ ਨੌਵੀਂ ਲਈ ਸਿਰਫ ਲੜਕੇ ਕਰ ਸਕਦੇ ਹਨ ਅਪਲਾਈ**

**ਫਾਜ਼ਿਲਕਾ, 13 ਨਵੰਬਰ**

ਆਲ ਇੰਡੀਆ ਸੈਨਿਕ ਸਕੂਲਾਂ ਵਿਚ ਦਾਖਲੇ ਲਈ ਇਮਤਿਹਾਨ 10 ਜਨਵਰੀ 2021 (ਐਤਵਾਰ) ਨੂੰ ਲਿਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਫਾਜ਼ਿਲਕਾ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਆਲ ਇੰਡੀਆ ਸੈਨਿਕ ਸਕੂਲਾਂ ਵਿਚ ਦਾਖਲਾ ਲੈਣ ਲਈ ਪ੍ਰੀਖਿਆ ਮਿਤੀ 10 ਜਨਵਰੀ 2021 ਨੂੰ ਹੋਵੇਗੀ। ਇਸ ਪ੍ਰੀਖਿਆ ਰਾਹੀਂ ਸਫਲ ਹੋਣ ਵਾਲੇ ਲੜਕੇ ਅਤੇ ਲੜਕੀਆਂ ਕਲਾਸ ਛੇਵੀਂ ਵਿਚ ਦਾਖਲਾ ਲੈ ਸਕਦੇ ਹਨ। ਇਸ ਤੋਂ ਇਲਾਵਾ ਕਲਾਸ ਨੌਵੀਂ ਲਈ ਸਿਰਫ ਲੜਕੇ ਦਾਖਲਾ ਲੈ ਸਕਦੇ ਹਨ। ਇਸ ਸਬੰਧੀ ਚਾਹਵਾਨ ਵਿਦਿਆਰਥੀ ਆਪਣੀ ਅਰਜ਼ੀ **https://aissee.nta.nic.in/** ’ਤੇ ਮਿਤੀ 19/11/2020 ਤੱਕ ਆਨਲਾਈਨ ਭੇਜ ਸਕਦੇ ਹਨ।

ਇਸ ਪ੍ਰੀਖਿਆ ਲਈ ਪੰਜਾਬ ’ਚ ਤਜਵੀਜ਼ਤ ਸੈਂਟਰ ਅੰਮ੍ਰਿਤਸਰ, ਲੁਧਿਆਣਾ, ਫਰੀਦਕੋਟ, ਪਟਿਆਲਾ, ਕਪੂਰਥਲਾ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਆਲ ਇੰਡੀਆ ਸੈਨਿਕ ਸਕੂਲ ਵਿਚ ਦਾਖਲਾ ਲੈ ਕੇ ਵਿਦਿਆਰਥੀ ਆਪਣਾ ਭਵਿੱਖ ਉਜਵਲ ਕਰ ਸਕਦੇ ਹਨ।

**ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ ਫਾਜ਼ਿਲਕਾ**

**ਇਕ ਜ਼ਿਲਾ ਇਕ ਉਤਪਾਦ ਤਹਿਤ ਫਾਜ਼ਿਲਕਾ ਜ਼ਿਲੇ ਦਾ ਕਿਨੂੰ ਵਿਕੇਗਾ ਦੁਨੀਆਂ ਦੇ ਬਜਾਰਾਂ ਚ**

**ਕਿਨੂੰ ਨਿਰਯਾਤ ਨੂੰ ਉਤਸਾਹਿਤ ਕਰਨ ਲਈ ਹੋਵੇਗੀ ਯੋਜਨਾਬੰਦੀ**

**ਮਨੁੱਖੀ ਸਿਹਤ ਲਈ ਵਰਦਾਨ ਹੈ ਵਿਟਾਮਿਨ ਸੀ ਭਰਪੂਰ ਕਿਨੂੰ**

**ਫਾਜ਼ਿਲਕਾ, 13 ਨਵੰਬਰ**

ਸਰਕਾਰ ਦੀ ਇਕ ਜ਼ਿਲਾ ਇਕ ਉਤਪਾਦ ਯੋਜਨਾ ਤਹਿਤ ਫਾਜ਼ਿਲਕਾ ਜ਼ਿਲੇ ਵੱਲੋਂ ਕੌਮਾਂਤਰੀ ਬਜਾਰਾਂ ਵਿਚ ਭੇਜਣ ਲਈ ਜ਼ਿਲੇ ਦੇ ਉਤਪਾਦ ਵਜੋਂ ਕਿਨੂੰ ਨੂੰ ਚੁਣਿਆ ਗਿਆ ਹੈ। ਇਸ ਤਹਿਤ ਹੁਣ ਫਾਜ਼ਿਲਕਾ ਜ਼ਿਲੇ ਦੇ ਕਿਨੂੰ ਨੂੰ ਵਿਸਵ ਮੰਡੀ ਵਿਚ ਪੁੱਜਦਾ ਕਰਨ ਲਈ ਯੋਜਨਾਬੰਦੀ ਸ਼ੁਰੂ ਹੋ ਗਈ ਹੈ। ਇਸ ਸਬੰਧੀ ਅੱਜ ਇਕ ਬੈਠਕ ਜ਼ਿਲੇ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਭਾਰਤ ਸਰਕਾਰ ਦੇ ਵਿਦੇਸ਼ ਵਪਾਰ ਵਿਭਾਗ ਦੇ ਡਿਪਟੀ ਡਾਇਰੈਕਟਰ ਨਵਦੀਪ ਸਿੰਘ ਨੇ ਵੀ ਸ਼ਿਰਕਤ ਕੀਤੀ।

ਇਸ ਮੌਕੇ ਡਿਪਟੀ ਕਮਿਸ਼ਨਰ ਸ: ਅਰਵਿੰਦ ਪਾਲ ਸਿੰਘ ਸੰਧੂ ਨੇ ਦੱਸਿਆ ਕਿ ਫਾਜ਼ਿਲਕਾ ਜ਼ਿਲੇ ਵਿਚ 33 ਹਜਾਰ ਹੈਕਟੇਅਰ ਰਕਬੇ ਵਿਚ ਕਿਨੂੰ ਦੀ ਕਾਸਤ ਕੀਤੀ ਜਾਂਦੀ ਹੈ ਅਤੇ ਇਸ ਜ਼ਿਲੇ ਦੀ ਮਿੱਟੀ ਦੁਨੀਆਂ ਦਾ ਸ਼੍ਰੇਸਠ ਕਿਨੂੰ ਪੈਦਾ ਕਰਦੀ ਹੈ। ਇਸ ਦੇ ਨਿਰਯਾਤ ਦੀਆਂ ਅਪਾਰ ਸੰਭਾਵਨਾਵਾਂ ਹਨ ਜਦ ਕਿ ਦੇਸ਼ ਦੀ ਵੱਡੀ ਮਾਰਕਿਟ ਵੀ ਇਸ ਪੌਸ਼ਕ ਤੱਤਾਂ ਨਾਲ ਭਰਪੂਰ ਫਲ ਦੀ ਉਡੀਕ ਕਰ ਰਹੀ ਹੈ। ਉਨਾਂ ਨੇ ਕਿਹਾ ਕਿ ਸਰਕਾਰ ਵੱਲੋਂ ਹੁਣ ਇਸ ਫਲ ਦੇ ਨਿਰਯਾਤ ਅਤੇ ਦੇਸ਼ ਅੰਦਰਲੀਆਂ ਦੂਰ ਦੁਰਾਡੇ ਦੀਆਂ ਮੰਡੀਆਂ ਤੱਕ ਪਹੁੰਚ ਯਕੀਨੀ ਬਣਾਉਣ ਲਈ ਉਪਰਾਲੇ ਆਰੰਭੇ ਗਏ ਹਨ। ਉਨਾਂ ਨੇ ਦੱਸਿਆ ਕਿ ਜਲਦ ਹੀ ਇਕ ਸੈਮੀਨਾਰ ਕਰਵਾ ਕੇ ਫਲ ਦੇ ਨਿਰਯਾਦ

ਸਬੰਧੀ ਸਿਖਲਾਈ ਬਾਗਬਾਨਾਂ ਅਤੇ ਵਪਾਰੀਆਂ ਨੂੰ ਦਿੱਤੀ ਜਾਵੇਗੀ ਤਾਂ ਜੋ ਲੋਕ ਨਿਰਯਾਤ ਸਬੰਧੀ ਕਾਨੂੰਨੀ ਅਤੇ ਵਪਾਰਕ ਪੇਚੀਦਗੀਆਂ ਸਿੱਖ ਸਕਨ। ਉਨਾਂ ਨੇ ਕਿਹਾ ਕਿ ਇਸ ਲਈ ਸੂਬਾ ਸਰਕਾਰ ਵੱਲੋਂ ਕਿਸਾਨਾਂ ਦੀ ਪੂਰੀ ਮਦਦ ਕੀਤੀ ਜਾਵੇਗੀ।
ਭਾਰਤ ਸਰਕਾਰ ਦੇ ਨੁੰਮਾਇੰਦੇ ਸ: ਨਵਦੀਪ ਸਿੰਘ ਨੇ ਕਿਹਾ ਕਿ ਮੱਧ ਏਸੀਆਂ, ਦੱਖਣ ਪੂਰਬੀ ਏਸੀਆ ਵਿਚ ਸਾਡੇ ਕਿਨੂੰ ਦੀ ਬਹੁਤ ਮੰਗ ਹੈ। ਉਨਾਂ ਨੇ ਕਿਹਾ ਕਿ ਸਰਕਾਰ ਇਸ ਦੇ ਨਿਰਯਾਤ ਦੀਆਂ ਅੜਚਨਾਂ ਨੂੰ ਦੂਰ ਕਰਨ ਵਿਚ ਮਦਦ ਕਰੇਗੀ। ਇਸ ਮੌਕੇ ਡਿਪਟੀ ਡਾਇਰੈਕਟਰ ਬਾਗਬਾਨੀ ਡਾ: ਤਜਿੰਦਰ ਸਿੰਘ ਨੇ ਦੱਸਿਆ ਕਿ ਕਿਨੂੰ ਇਕ ਉਤਮ ਫਲ ਹੈ ਜਿਸ ਵਿਚ ਮਨੁੱਖ ਦੀ ਬਿਮਾਰੀਆਂ ਨਾਲ ਲੜਨ ਦੀ ਸਮੱਰਥਾ ਵਧਾਉਣ ਵਾਲਾ ਵਿਟਾਮਿਨ ਸੀ ਬਹੁਤ ਮਾਤਰਾ ਵਿਚ ਪਾਇਆ ਜਾਂਦਾ ਹੈ। ਇਸ ਤੋਂ ਬਿਨਾਂ ਇਸ ਵਿਚ ਹੋਰ ਵੀ ਅਨੇਕਾਂ ਪੋਸ਼ਕ ਤੱਤ ਹਨ। ਜੀਐਮ ਡੀਆਈਸੀ ਸੁਮਨ ਕੁਮਾਰੀ ਨੇ ਦੱਸਿਆ ਕਿ ਕਿਨੂੰ ਦੇ ਨਿਰਯਾਤ ਦੇ ਨਾਲ ਨਾਲ ਜ਼ਿਲੇ ਵਿਚ ਬਾਸਮਤੀ ਦੇ ਨਿਰਯਾਤ ਨੂੰ ਵੀ ਉਤਸਾਹਿਤ ਕੀਤਾ ਜਾਵੇਗਾ। ਇਸ ਮੌਕੇ ਬਾਗਬਾਨ ਅਤੇ ਕਿਨੂੰ ਨਿਰਯਾਤਕ ਸੁਰਿੰਦਰ ਚਰਾਇਆ ਨੇ ਬਾਗਬਾਨਾਂ ਦੀਆਂ ਜਰੂਰਤਾਂ ਸਾਂਝੀਆਂ ਕੀਤੀਆਂ ਤਾਂ ਜੋ ਹੋਰ ਜਿਆਦਾ ਕਿਨੂੰ ਨਿਰਯਾਤ ਹੋ ਸਕੇ।



**ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ ਫਾਜ਼ਿਲਕਾ**

**ਡਿਪਟੀ ਕਮਿਸ਼ਨਰ ਵੱਲੋਂ ਜ਼ਿਲਾ ਨਿਵਾਸੀਆਂ ਨੂੰ ਦੀਵਾਲੀ ਤੇ ਬੰਦੀ ਛੋੜ ਦਿਵਸ ਦੀਆਂ ਮੁਬਾਰਕਾਂ**

**ਦੀਵਾਲੀ ਅਤੇ ਤਿਉਹਾਰਾਂ ਦਾ ਸੀਜਨ ਲੋਕਾਂ ਲਈ ਖੁਸ਼ੀਆਂ, ਤਰੱਕੀ ਤੇ ਚੰਗੀ ਸਿਹਤ ਦੇ ਸੁਨੇਹੇ ਲੈਕੇ ਆਵੇ-ਡੀ.ਸੀ.,**

**ਫਾਜ਼ਿਲਕਾ, 13 ਨਵੰਬਰ:**

ਫਾਜ਼ਿਲਕਾ ਦੇ ਡਿਪਟੀ ਕਮਿਸ਼ਨਰ ਸ: ਅਰਵਿੰਦਪਾਲ ਸਿੰਘ ਸੰਧੂ ਨੇ ਜ਼ਿਲਾ ਨਿਵਾਸੀਆਂ ਨੂੰ ਦੀਵਾਲੀ ਦੇ ਤਿਉਹਾਰ ਅਤੇ ਬੰਦੀ ਛੋੜ ਦਿਵਸ ਦੀਆਂ ਮੁਬਾਰਕਾਂ ਦਿੰਦਿਆਂ ਕਾਮਨਾ ਕੀਤੀ ਹੈ ਕਿ ਆਉਣ ਵਾਲਾ ਸਮਾਂ ਸਾਰਿਆਂ ਲਈ ਖੁਸ਼ੀਆਂ ਭਰਿਆ ਹੋਵੇ।
ਡਿਪਟੀ ਕਮਿਸ਼ਨਰ ਨੇ ਦੀਵਾਲੀ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਉਹ ਅਰਦਾਸ ਕਰਦੇ ਹਨ ਕਿ ਦੀਵਾਲੀ ਸਮੂਹ ਲੋਕਾਂ ਲਈ ਖੁਸ਼ੀਆਂ ਅਤੇ ਬਰਕਤਾਂ ਲੈ ਕੇ ਆਵੇ। ਉਨਾਂ ਨਾਲ ਹੀ ਪਰਮਾਤਮਾ ਕੋਲ ਅਰਦਾਸ ਕੀਤੀ ਕਿ ਕੋਵਿਡ-19 ਮਹਾਂਮਾਰੀ ਦੇ ਇਸ ਸਮੇਂ ਦੌਰਾਨ ਹਰ ਕੋਈ ਸਿਹਤਮੰਦ ਰਹੇ ਅਤੇ ਤਰੱਕੀ ਕਰੇ। ਉਨਾਂ ਨੇ ਇਹ ਵੀ ਅਪੀਲ ਕੀਤੀ ਕਿ ਦੀਵਾਲੀ ਸਮੇਂ ਪਟਾਕੇ ਘੱਟ ਤੋਂ ਘੱਟ

ਅਤੇ ਨਿਰਧਾਰਤ ਸਮੇਂ ਦੇ ਅੰਦਰ-ਅੰਦਰ ਹੀ ਚਲਾਏ ਜਾਣ।

ਸ: ਅਰਵਿੰਦਪਾਲ ਸਿੰਘ ਸੰਧੂ ਨੇ ਕਿਹਾ ਕਿ ਕੋਸ਼ਿਸ਼ ਕੀਤੀ ਜਾਵੇ ਕਿ ਇਹ ਦੀਵਾਲੀ ਸਾਫ਼-ਸੁਥਰੀ ਤੇ ਸਵੱਛ ਮਨਾਈ ਜਾਵੇ ਅਤੇ ਲੋਕਾਂ ਨਾਲ ਮਿਲ ਜੁਲਕੇ ਇਕ ਦੂਜੇ ਨੂੰ ਵਧਾਈਆਂ ਦੇ ਕੇ ਆਪਸੀ ਭਾਈਚਾਰਕ ਸਾਂਝ ਕਾਇਮ ਰੱਖੀ ਜਾਵੇ। ਉਨਾਂ ਹੋਰ ਕਿਹਾ ਕਿ ਕੋਰੋਨਾ ਵਾਇਰਸ ਅਜੇ ਖ਼ਤਮ ਨਹੀਂ ਹੋਇਆ ਅਤੇ ਇਸ ਮਹਾਂਮਾਰੀ ਦੀ ਦੂਜੀ ਲਹਿਰ ਆਉਣ ਦਾ ਖਦਸ਼ਾ ਹੈ, ਜਿਸ ਕਰਕੇ ਆਮ ਲੋਕ ਪੂਰੇ ਇਹਤਿਹਾਤ ਵਰਤਦਿਆਂ ਦੀਵਾਲੀ ਦੀਆਂ ਖੁਸ਼ੀਆਂ ਮਨਾਉਣ।




**ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ ,ਫਾਜ਼ਿਲਕਾ**

**ਸਾਰੀਆਂ ਖੁਸ਼ੀਆਂ ਦਾ ਅਧਾਰ ਸਾਡਾ ਤੰਦਰੁਸਤ ਸਰੀਰ ਅਤੇ ਮਨ ਹੈ-ਕੁੰਦਨ ਕੇ ਪਾਲ**

**ਫਾਜ਼ਿਲਕਾ 13 ਨਵੰਬਰ**

ਸਿਹਤਮੰਦ ਦੀਵਾਲੀ ਵੱਲ ਇਕ ਹੋਰ ਕਦਮ ਚੁੱਕਦਿਆਂ, ਸਿਵਲ ਸਰਜਨ ਫਾਜ਼ਿਲਕਾ ਡਾ: ਕੁੰਦਨ ਕੇ ਪਾਲ ਨੇ ਜਾਗਰੂਕਤਾ ਵੈਨ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ। ਇਸ ਮੌਕੇ ਡਾ: ਕੁੰਦਨ ਨੇ ਕਿਹਾ ਕਿ ਜਦ ਤੱਕ ਅਸੀਂ ਸਰੀਰਕ ਅਤੇ ਮਾਨਸਿਕ ਤੌਰ ਤੇ ਸਿਹਤਮੰਦ ਨਹੀਂ ਹੁੰਦੇ ਤਦ ਤੱਕ ਹਰ ਖੁਸ਼ੀ ਅਧੂਰੀ ਜਾਪਦੀ ਹੈ। ਉਨ੍ਹਾਂ ਕਿਹਾ ਕਿ ਇਸ ਵੈਨ ਰਾਹੀਂ ਲੋਕਾਂ ਨੂੰ ਕੈਂਸਰ, ਸ਼ੂਗਰ ਅਤੇ ਸਟ੍ਰੋਕ ਵਰਗੀਆਂ ਬਿਮਾਰੀਆਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ 30 ਸਾਲ ਦੀ ਉਮਰ ਤੋਂ ਬਾਅਦ ਹਰੇਕ ਨੂੰ ਆਪਣੀ ਜਾਂਚ ਸਾਲ ਵਿੱਚ 2 ਵਾਰ ਕਰਵਾਉਣੀ ਚਾਹੀਦੀ ਹੈ। ਬੇਸ਼ਕ ਉਹ ਸੋਚਦੇ ਹਨ ਕਿ ਮੇਰੀ ਸਿਹਤ ਸੰਬੰਧੀ ਕੋਈ ਸ਼ਿਕਾਇਤ ਨਹੀਂ ਹੈ।ਕਿਉਂਕਿ ਸ਼ੂਗਰ, ਕੈਂਸਰ ਅਤੇ ਸਟ੍ਰੋਕ ਨੂੰ ਸਾਈਲੈਂਟ ਕਿੱਲਰ ਕਿਹਾ ਜਾਂਦਾ ਹੈ। ਇਸ ਲਈ ਜਦੋਂ ਤੱਕ ਅਸੀਂ ਆਪਣੀ ਜਾਂਚ ਨਹੀਂ ਕਰਦੇ, ਸਾਨੂੰ ਇਹ ਨਹੀਂ ਪਤਾ

ਹੋਵੇਗਾ ਕਿ ਸਾਡਾ ਸਰੀਰ ਕਿੰਨਾ ਤੰਦਰੁਸਤ ਹੈ।ਉਨ੍ਹਾਂ ਕਿਹਾ ਕਿ ਸਿਹਤਮੰਦ ਰਹਿਣ ਲਈ ਆਪਣਾ ਜੀਵਨ ਵਿਵਹਾਰ ਨੂੰ ਵੀ ਬਦਲਣਾ ਪਏਗਾ। ਉਦਾਹਰਣ ਵਜੋਂ ਜਿਵੇ ਤਕਰੀਬਨ 30 ਮਿੰਟ ਦੀ ਸੈਰ ਜਾਂ ਕਸਰਤ, ਜ਼ਿਆਦਾ ਤਲੀਆਂ ਹੋਈਆ ਚੀਜ਼ਾਂ ਤੋਂ ਪਰਹੇਜ਼ ਕਰਕੇ, ਤੰਬਾਕੂ ਅਤੇ ਸ਼ਰਾਬ ਤੋਂ ਪਰਹੇਜ਼ ਕਰਕੇ ਆਪਣੇ ਆਪ ਨੂੰ ਤੰਦਰੁਸਤ ਰੱਖ ਸਕਦੇ ਹਾਂ।

ਇਸ ਮੌਕੇ ਜ਼ਿਲ੍ਹਾ ਮਾਸ ਮੀਡੀਆ ਅਧਿਕਾਰੀ ਅਨਿਲ ਧਾਮੂ ਨੇ ਦੱਸਿਆ ਕਿ ਜ਼ਿਲ੍ਹਾ ਫਾਜ਼ਿਲਕਾ ਦੇ ਪਿੰਡਾਂ ਵਿੱਚ ਸਿਹਤ ਅਤੇ ਤੰਦਰੁਸਤੀ ਦੇ 76 ਕੇਂਦਰ ਹਨ। ਜਿਥੇ ਸੀਐਚਓ ਸਿਹਤ ਜਾਂਚ ਅਤੇ ਇਲਾਜ ਨਾਲ ਸਬੰਧਤ ਸੇਵਾਵਾਂ ਪ੍ਰਦਾਨ ਕਰ ਰਿਹਾ ਹੈ। ਜਿਥੇ ਦਵਾਈਆਂ ਅਤੇ ਜਾਂਚ ਦੀਆਂ ਸਹੂਲਤਾਂ ਵੀ ਦਿੱਤੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਹ ਵੈਨ 13 ਅਤੇ 16 ਨਵੰਬਰ ਨੂੰ ਡੱਬਵਾਲਾ, ਖੁਈ ਖੇੜਾ ਅਤੇ ਸੀਤੋ ਗੁਨੋ ਬਲਾਕਾਂ ਵਿੱਚ ਲੋਕਾਂ ਨੂੰ ਜਾਗਰੂਕ ਕਰੇਗੀ।

ਇਸ ਮੌਕੇ ਡਾ: ਕਵਿਤਾ ਸਿੰਘ ਡੀ.ਐਫ.ਪੀ.ਓ, ਡਾ: ਰਿੰਕੂ ਅਤੇ ਹੋਰ ਸਿਹਤ ਕਰਮਚਾਰੀ ਹਾਜ਼ਰ ਸਨ।



**ਦਫ਼ਤਰ ਜ਼ਿਲਾ ਲੋਕ ਸੰਪਰਕ ਅਫਸਰ ਫਾਜ਼ਿਲਕਾ**

**ਵਿਧਾਇਕ ਦਵਿੰਦਰ ਘੁਬਾਇਆ ਵੱਲੋਂ ਫਾਜ਼ਿਲਕਾ ਦੇ ਲੋਕਾਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ**

**ਬਜਾਰ ਵਿਚ ਦੁਕਾਨਦਾਰਾਂ ਨੂੰ ਮਿਲ ਕੇ ਕਿਹਾ ਦੀਵਾਲੀ ਮੁਬਾਰਕ**

**ਫਾਜ਼ਿਲਕਾ, 13 ਨਵੰਬਰ:**

ਫਾਜ਼ਿਲਕਾ ਦੇ ਵਿਧਾਇਕ ਸ: ਦਵਿੰਦਰ ਸਿੰਘ ਘੁਬਾਇਆ ਵੱਲੋਂ ਅੱਜ ਆਪਣੇ ਹਲਕੇ ਦੇ ਲੋਕਾਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ ਗਈਆਂ। ਉਨਾਂ ਨੇ ਅੱਜ ਸ਼ਹਿਰ ਦੇ ਵੱਖ ਵੱਖ ਬਜਾਰਾਂ ਵਿਚ ਜਾ ਕੇ ਲੋਕਾਂ ਨੂੰ ਖੁਦ ਮਿਲ ਕੇ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ। ਉਨਾਂ ਨੇ ਸੀਨੇਮਾ ਚੌਕ, ਗਊਸ਼ਾਲਾ ਰੋਡ, ਸਾਈਕਲ ਬਜਾਰ, ਘੰਟਾ ਘਰ, ਮਹਿਰੀਆ ਬਜਾਰ ਆਦਿ ਵਿਚ ਲੋਕਾਂ ਨੂੰ ਮਿਲ ਕੇ ਉਨਾਂ ਨਾਲ ਦੀਵਾਲੀ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ।

ਇਸ ਮੌਕੇ ਵਿਧਾਇਕ ਸ: ਦਵਿੰਦਰ ਸਿੰਘ ਘੁਬਾਇਆ ਨੇ ਹਲਕਾ ਵਾਸੀਆਂ ਨੂੰ ਦੀਵਾਲੀ ਦੀਆਂ ਵਧਾਈਆਂ ਦਿੰਦਿਆਂ ਕਿਹਾ ਕਿ ਵਾਹਿਗੁਰੂ ਸਭ ਦੇ ਜੀਵਨ ਵਿਚ ਖੁਸੀਆਂ ਖੇੜੇ ਲੈ ਕੇ ਆਵੇ ਅਤੇ ਇਸ ਦੀਵਾਲੀ ਸਭ ਲਈ ਸੁਭ ਹੋਵੇ। ਉਨਾਂ ਨੇ ਸਭ ਨੂੰ ਆਪਸੀ ਭਾਈਚਾਰੇ ਨਾਲ ਗ੍ਰੀਨ ਦੀਵਾਲੀ ਮਨਾਉਣ ਦੀ ਅਪੀਲ ਵੀ ਕੀਤੀ। ਉਨਾਂ ਨੇ ਕਿਹਾ ਕਿ ਇਹ ਦਿਨ ਸਾਨੂੰ ਆਪਣੇ ਜੀਵਨ ਵਿਚ ਨਵੇਂ ਸਕੰਲਪ ਲੈਣ ਦਾ ਦਿਨ ਹੁੰਦਾ ਹੈ ਅਤੇ ਸਾਨੂੰ ਆਪਣੇ ਜੀਵਨ ਵਿਚ ਕੁਝ ਹੋਰ ਚੰਗਾ ਕਰਨ ਦਾ ਪ੍ਰਣ ਇਸ ਦਿਨ ਤੇ ਕਰਨਾ ਚਾਹੀਦਾ ਹੈ। ਇਸ ਮੌਕੇ ਉਨਾਂ ਨਾਲ ਹਲਕੇ ਦੀ ਸਮੁਚੀ ਲੀਡਰਸ਼ਿਪ ਵੀ ਹਾਜਰ ਸੀ।

